# ਪੰਜਾਬ ਐਜੂਸੈਟ ਸੁਸਾਇਟੀ

ਈ. ਬਲਾਕ, ਟੈਕਸਟ ਬੁੱਕ ਸੈਲ, ਵਿੱਦਿਆ ਭਵਨ, ਪਹਿਲੀ ਮੰਜ਼ਿਲ
ਪੀ.ਐਸ.ਈ.ਬੀ.ਕੈਂਪਸ, ਫੇਜ਼-8, ਸਾਹਿਬਜਾਦਾ ਅਜੀਤ ਸਿੰਘ ਨਗਰ।
ਫੋਨ ਨੰ. 0172- 2231800, 2215701 ਈ-ਮੇਲ: edusat.punjab@gmail.com

ਵੱਲ,

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਪੰਜਾਬ।
2. ਐਜੂਸੈਟ ਸੁਵਿਧਾ ਵਾਲੇ ਸਕੂਲਾਂ ਦੇ ਮੁੱਖੀ (ਵੈਬਸਾਈਟ ਰਾਹੀਂ)

ਮੀਮੋ ਨੰ.: 24/40/2015/ਪੀ.ਈ.ਐਸ/ਟਾਈਮ-ਸ਼ਡਿਊਲ/7831-50
ਮਿਤੀ: .21... ਜੁਲਾਈ, 2015.

ਵਿਸ਼ਾ: ਸਕੂਲ ਸਿੱਖਿਆ ਵਿਭਾਗ ਲਈ ਐਜੂਸੈਟ ਪ੍ਰੋਗਰਾਮਾਂ ਦੀ ਸ਼ਡਿਊਲ (ਮਹੀਨਾ ਅਗਸਤ-2015).

1.0 ਅਗਸਤ-2015 ਦੀ ਐਜੂਸੈਟ ਸ਼ਡਿਊਲ, ਜਿਸ ਵਿੱਚ 8ਵੀਂ ਤੋਂ 12ਵੀਂ ਜਮਾਤ ਲਈ ਸਕੂਲ ਸਿੱਖਿਆ ਵਿਭਾਗ ਲਈ ਨਸ਼ਰ ਕੀਤੇ ਜਾਣ ਵਾਲੇ ਰੈਗੂਲਰ ਪ੍ਰੋਗਰਾਮਾਂ ਅਤੇ ਹੋਰ ਪ੍ਰੋਗਰਾਮਾਂ ਦਾ ਵੇਰਵਾ ਹੈ, ਭੇਜੀ ਜਾ ਰਹੀ ਹੈ (ਨੱਥੀ)। ਕ੍ਰਿਪਾ ਕਰਕੇ ਸਬੰਧਤ ਸਕੂਲ ਮੁੱਖੀ ਯਕੀਨੀ ਬਣਾਉਣ ਕਿ ਸ਼ਡਿਊਲ ਮੁਤਾਬਿਕ ਸਬੰਧਤ ਵਿਸ਼ਾ ਅਧਿਆਪਕ ਅਤੇ ਵਿੱਦਿਆਰਥੀ ਐਜੂਸੈਟ ਰੂਮ ਵਿੱਚ ਹਾਜ਼ਰ ਰਹਿ ਕੇ ਨਸ਼ਰ ਕੀਤੇ ਪ੍ਰੋਗਰਾਮਾਂ ਵਿੱਚ ਭਾਗ ਲੈ ਰਹੇ ਹਨ। ਟੈਲੀਕਾਸਟ ਸਮੇਂ ਕਿਸੇ ਤਕਨੀਕੀ ਖਰਾਬੀ ਕਾਰਣ ਨੈਟਵਰਕ ਫੇਲ ਹੋ ਜਾਣ ਦੀ ਸੂਰਤ ਵਿੱਚ ਸਬੰਧਤ ਵਿਸ਼ਾ ਅਧਿਆਪਕ ਉਸ ਟਾਪਿਕ ਨੂੰ ਪੂਰਾ ਕਰੇਗਾ। ਐਜੂਸੈਟ ਲਾਇਬਰੇਰੀ ਦੀ ਵਰਤੋਂ ਪੀਰੀਅਡ ਐਡਜਸਟਮੈਂਟ ਲਈ ਜਰੂਰ ਕੀਤੀ ਜਾਵੇ।

2.0 ਐਜੂਸੈਟ ਰੂਮ ਅਤੇ ਐਜੂਸੈਟ ਲਾਇਬਰੇਰੀ ਵਿੱਚ ਹਰ ਸ਼ਬੰਧਤ ਪੀਰੀਅਡ ਵਿੱਚ ਵਿੱਦਿਆਰਥੀਆਂ ਦੀ ਹਾਜ਼ਰੀ ਐਜੂਸੈਟ ਰਜਿਸਟਰ ਵਿੱਚ ਲਗਾਈ ਜਾਵੇ ਅਤੇ ਸਟੇਟ ਦਫਤਰ ਵੱਲੋਂ ਟੈਲੀਫੋਨ ਰਾਹੀਂ ਸਕੂਲ ਮੁੱਖੀਆਂ, ਵਿਸ਼ਾ ਅਧਿਆਪਕਾਂ ਅਤੇ ਵਿੱਦਿਆਰਥੀਆਂ ਤੋਂ ਲਿਆ ਜਾਣ ਵਾਲਾ ਫੀਡਬੈਕ ਵੀ ਦਿੱਤਾ ਜਾਵੇ। ਸਕੂਲ ਮੁੱਖੀ ਐਜੂਸੈਟ ਰਜਿਸਟਰ ਵਿੱਚ ਐਜੂਸੈਟ ਪ੍ਰੋਗਰਾਮਾਂ ਦਾ ਰਿਕਾਰਡ ਵੀ ਤਸਦੀਕ ਕਰੇਗਾ, ਜਿਸ ਵਿੱਚ ਵਿੱਦਿਆਰਥੀਆਂ ਦੀ ਗਿਣਤੀ ਅਤੇ ਸਬੰਧਤ ਅਧਿਆਪਕ ਦਾ ਨਾਮ ਵੀ ਦਰਜ ਹੋਵੇ।

3.0 ਵਿਦਿਆਰਥੀ, ਵਿਸ਼ਾ ਅਧਿਆਪਕ, ਸਕੂਲ ਮੁੱਖੀ ਅਤੇ ਹੋਰ ਸਬੰਧਤ ਆਪਣੀ ਰਾਇ ਈ-ਮੇਲ ਰਾਹੀਂ ਜ਼ਰੂਰ ਭੇਜਣ ਤਾਂ ਜੋ ਪ੍ਰੋਗਰਾਮਾਂ ਨੂੰ ਹੋਰ ਬਿਹਤਰ ਬਣਾਇਆ ਜਾ ਸਕੇ। ਇਸ ਤੋਂ ਇਲਾਵਾ ਸਮੂਹ ਪ੍ਰਿੰਸੀਪਲ ਡਾਇਟ ਨਸ਼ਰ ਕੀਤੇ ਪ੍ਰੋਗਰਾਮਾਂ ਦੀ ਹਫਤਾਵਾਰ ਇਵੈਲੂਏਸ਼ਨ ਰਿਪੋਰਟ ਤਿਆਰ ਕਰਵਾ ਕੇ ਡਾਇਰੈਕਟਰ ਐਸ.ਸੀ.ਈ.ਆਰ.ਟੀ ਰਾਹੀਂ ਇਸ ਦਫਤਰ ਨੂੰ ਭੇਜਣ ਜਿਸ ਦੀ ਇਲੈਕਟ੍ਰੋਨਿਕ ਕਾਪੀ ਈ-ਮੇਲ feedbackedusat@gmail.com & punjabedusatevaluation@gmail.com ਤੇ ਭੇਜੀ ਜਾਵੇ।

ਡੀ.ਜੀ.ਐਸ.ਈ-ਕਮ-ਪ੍ਰੋਜੈਕਟ ਡਾਇਰੈਕਟਰ
ਪੰਜਾਬ ਐਜੂਸੈਟ ਸੁਸਾਇਟੀ

ਪਿੱਠਅੰਕਣ ਨੰ.: 24/40/2015/ਪੀ.ਈ.ਐਸ/ਟਾਈਮ-ਸ਼ਡਿਊਲ/7851 ਮਿਤੀ: 21.07.2015

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ ਜੀ।

1. ਡੀ.ਪੀ.ਆਈ.(ਸੈ.ਸਿ) ਪੰਜਾਬ।
2. ਡਾਇਰੈਕਟਰ ਐਸ.ਸੀ.ਈ.ਆਰ.ਟੀ, ਪੰਜਾਬ।
3. ਡਿਪਟੀ ਡਾਇਰੈਕਟਰ, ਐਸ.ਆਈ.ਐਸ.ਈ ਪੰਜਾਬ ਪੱਤਰ ਨੰ. 24/123/2013/ਪੀ.ਈ.ਐਸ/ਆਰ.ਪੀ/7722, ਮਿਤੀ 28.05.2015 ਦੇ ਹਵਾਲੇ ਨਾਲ।
4. ਸਮੂਹ ਪ੍ਰਿੰਸੀਪਲ ਡਾਇਟ।
5. ਏ.ਜੀ.ਐਮ.(ਵਿੱਤ), ਸਬੰਧਤ ਵਿਸ਼ਾ ਮਾਹਿਰ, ਸਟੂਡਿਓ ਇੰਜੀਨੀਅਰ ਅਤੇ ਤਕਨੀਕੀ ਸਟਾਫ, ਐਜੂਸੈਟ।
6. ਡੀ.ਐਮ.(ਐਮ.ਆਈ.ਐਸ) ਨੂੰ ਤੁਰੰਤ ਵੈਬਸਾਈਟ ਤੇ ਪਾਉਣ ਹਿੱਤ।

ਡੀ.ਜੀ.ਐਸ.ਈ-ਕਮ-ਪ੍ਰੋਜੈਕਟ ਡਾਇਰੈਕਟਰ
ਪੰਜਾਬ ਐਜੂਸੈਟ ਸੁਸਾਇਟੀ